ਐਸ.ਐਸ ਪੀ ਵੱਲੋਂ ਮੇਲਾ ਮਾਘੀ ਦੇ ਸਬੰਧ ਵਿੱਚ ਸੁਰੱਖਿਆਂ ਪ੍ਰਬੰਧਾ ਦਾ ਲਿਆ ਜਾਇਜਾ



ਮੇਲਾ ਮਾਘੀ ਤੇ ਸ਼ਰਧਾਲੂਆਂ ਨੂੰ ਕੋਈ ਮੁਸ਼ਕਲ ਨਹੀ ਆਉਣ ਦਿੱਤੀ ਜਾਵੇ ਗਈ:- ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ

ਸ੍ਰੀ ਮੁਕਤਸਰ ਸਾਹਿਬ( ) ਮਾਘ ਮਹੀਨੇ ਵਿੱਚ ਚਾਲੀ ਮੁਕਤਿਆ ਦੀ ਯਾਦ ਵਿੱਚ ਲੱਗਣ ਵਾਲੇ ਪਵਿੱਤਰ ਅਤੇ ਇਤਿਹਾਸਕ ਮਾਘੀ ਮੇਲੇ ਦੇ ਅਗੇਤੇ ਪ੍ਰਬਧਾਂ ਅਤੇ ਆਵਾਜਾਈ ਅਤੇ ਸ਼ਰਧਾਲੂਆਂ ਦੀ ਸੁਰੱਖਿਆਂ ਪ੍ਰਬੰਧਾ ਨੂੰ ਮੁੱਖ ਰੱਖਦਿਆਂ ਅੱਜ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਮਾਘੀ ਮੇਲੇ ਮੌਕੇ ਹੋਣ ਵਾਲੇ ਸੁਰੱਖਿਆ ਪ੍ਰਬੰਧਾਂ ਸਬੰਧੀ ਜਿਲ੍ਹੇ ਦੇ ਸਮੂਹ ਪੁਲਿਸ ਦੇ ਅਧਿਕਾਰੀਆਂ ਨਾਲ ਸ਼ਹਿਰ ਅੰਦਰ ਵੱਖ-ਵੱਖ ਥਾਵਾਂ ਤੇ ਦੌਰਾ ਕਰਕੇ ਜਾਇਜ਼ਾ ਲਿਆ ਗਿਆ। ਇਸ ਮੌਕੇ ਐਸ.ਐਸ.ਪੀ ਜੀ ਨੇ ਦੱਸਿਆ ਕਿ ਮੇਲੇ ਮਾਘੀ ਵਿਚ ਆਉਣ ਵਾਲੇ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਕੀਤੇ ਜਾਣਗੇ । ਉਨ੍ਹਾਂ ਦੱਸਿਆ ਕਿ ਮੇਲਾ ਮਾਘੀ ਦੌਰਾਨ ਸ਼ਹਿਰ ਅੰਦਰ ਸ਼ਰਧਾਲੂਆ ਦੀ ਸੁਰੱਖਿਆ ਲਈ ਹਰ ਸ਼ੜਕ ਤੇ ਪੁਲਿਸ ਨਾਕੇ ਲਾਏ ਜਾਣਗੇ ਤੇ ਸ਼ਹਿਰ ਅੰਦਰ ਢੁਕਵੀ ਜਗ੍ਹਾ ਤੇ ਪੁਲਿਸ ਸਹਾਇਤਾ ਕੇਂਦਰ ਸਥਾਪਿਤ ਕੀਤੇ ਜਾਣਗੇ ਜਿਥੇ 24 ਘੰਟੇ ਸ਼ਰਧਾਲੂਆਂ ਦੀ ਸਹਾਇਤਾ ਲਈ ਪੁਲਿਸ ਮੁਲਾਜ਼ਮ ਤਨਾਇਤ ਰਹਿਣਗੇ। ਉਨ੍ਹਾ ਕਿਹਾ ਕਿ ਸ਼ਹਿਰ ਦੇ ਅੰਦਰ ਅਲੱਗ-ਅਲੱਗ ਚੌਕਾਂ ਤੇ ਵਾਚ ਟਾਵਰ ਰੱਖੇ ਜਾਣਗੇ ਜਿਨ੍ਹਾ ਪਰ ਹਰ ਵੇਲੇ ਪੁਲਿਸ ਮੁਲਾਜਮ ਦੂਰਬੀਨ ਰਾਹੀ ਭੀੜ ਤੇ ਨਿਗ੍ਹਾ ਰੱਖਣਗੇ ।ਜੇ ਕੋਈ ਵੀ ਮੁਸ਼ਕਲ ਸਮੇਂ ਤੁਰੰਤ ਪੁਲਿਸ ਸਹਾਇਤਾ ਭੇਜਣਗੇ। ਉਨ੍ਹਾਂ ਕਿਹਾ ਕਿ ਮੇਲਾ ਮਾਘੀ ਅੰਦਰ ਅਲੱਗ-ਅਲੱਗ ਥਾਵਾਂ ਤੇ ਸੀ.ਸੀ.ਟੀ.ਵੀ ਕੈਮਰੇ ਲਗਾਏ ਜਿਨ੍ਹਾਂ ਦਾ ਸਪੰਰਕ ਪੁਲਿਸ ਕੰਟਰੋਲ ਰੂਮ ਪਰ ਹੋਵੇਗਾ।ਉਨ੍ਹਾਂ ਕਿਹਾ ਪੁਲਿਸ ਕੰਟਰੋਲ ਰੂਮ 24 ਘੰਟੇ ਸਹਾਇਤਾ ਲਈ ਤਿਆਰ ਰਹਿਣਗੇ ਅਤੇ ਪੀਸੀਆਰ ਮੋਟਰਸਾਇਕਲ 24 ਘੰਟੇ ਸ਼ਹਿਰ ਅੰਦਰ ਗਸਤ ਕਰਨਗੇ